OFFICE OF THE
COMMISSIONER OF POLICE,
LUDHIANA.

ਦਫਤਰ
ਕਮਿਸ਼ਨਰ ਪੁਲਿਸ
ਲੁਧਿਆਣਾ

English Branch
ਅੰਗਰੇਜੀ ਬ੍ਰਾਂਚ

780-ਈਆਰ

ਹੁਕਮ

ਮੇਰੇ ਵੇਖਣ ਵਿਚ ਆਇਆ ਹੈ ਕਿ ਮੈਰਿਜ ਪੈਲਸਾਂ ਵਿਚ ਵਿਆਹ/ਸ਼ਾਦੀਆਂ ਸਮੇ ਆਮ ਵਿਅਕਤੀਆਂ ਵੱਲੋ ਲਾਇੰਸਸੀ ਅਸਲਾ ਲੈ ਕੇ ਵਿਆਹ ਸ਼ਾਦੀਆਂ ਵਿਚ ਖੁਲੇਆਮ ਘੁੰਮਿਆ ਜਾਂਦਾ ਹੈ ਅਤੇ ਕਈ ਵਾਰੀ ਆਪਸੀ ਮਾਮੂਲੀ ਤਕਰਾਰਬਜੀ ਹੋਣ ਕਾਰਨ ਅਤੇ ਨਸ਼ੇ ਦੀ ਹਾਲਤ ਵਿੱਚ ਲਾਇੰਸਸੀ ਅਸਲੇ ਦੀ ਨਜਾਇਜ ਵਰਤੋ ਕੀਤੀ ਜਾਂਦੀ ਹੈ। ਜਿਸ ਨਾਲ ਆਮ ਜਨਤਾ ਦੀ ਜਾਨ ਮਾਲ ਦਾ ਖਤਰਾ ਬਣ ਸਕਦਾ ਹੈ। ਇਸ ਲਈ ਮੈਰਿਜ ਪੈਲਸਾ ਅੰਦਰ ਅਸਲਾ ਲੈ ਕੇ ਜਾਣ ਸਬੰਧੀ ਕਮਿਸ਼ਨਰੇਟ ਲੁਧਿਆਣਾਂ ਦੇ ਅੰਦਰ ਠੋਸ ਕਦਮ ਚੁੱਕਣ ਦੀ ਲੋੜ ਮਹਿਸੂਸ ਕੀਤੀ ਗਈ ਹੈ ਤਾਂ ਜੋ ਆਮ ਜਨਤਾ ਦੀ ਜਾਨ ਮਾਲ ਨੂੰ ਸੁਰਖਿਅਤ ਬਣਾਇਆ ਜਾ ਸਕੇ ਅਤੇ ਅਮਨ ਸ਼ਾਂਤੀ ਦੀ ਸਥਿਤੀ ਕਾਇਮ ਰਹੇ ਅਤੇ ਕੋਈ ਅਣਸੁਖਾਵੀ ਘਟਨਾ ਨਾ ਵਾਪਰੇ।

ਇਸ ਲਈ ਮੈ, ਰੁਪਿੰਦਰ ਸਿੰਘ, ਪੀ.ਪੀ.ਐਸ, ਡਿਪਟੀ ਕਮਿਸ਼ਨਰ ਪੁਲਿਸ, ਸਥਾਨਕ, ਲੁਧਿਆਣਾ ਜਾਬਤਾ ਫੌਜਦਾਰੀ ਸੰਘਤਾ ਦੀ ਧਾਰਾ 144 ਸੀ.ਆਰ.ਪੀ.ਸੀ 1973 ਦੀ ਧਾਰਾ ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋ ਕਰਦੀ ਹੋਈ ਪੁਲਿਸ ਕਮਿਸਨਰੇਟ ਲੁਧਿਆਣਾ ਦੇ ਏਰੀਆ ਵਿਚ ਪੈਂਦੇ ਸਮੂਹ ਮੈਰਿਜ ਪੈਲਸਾ ਅੰਦਰ ਲਾਇੰਸਸੀ ਅਸਲਾ ਅਤੇ ਐਮੂਨੀਸ਼ਨ ਲੈ ਕੇ ਜਾਣ ਪਰ ਮੁਕੰਮਲ ਪਾਬੰਦੀ ਲਗਾਉਂਦੀ ਹਾਂ ਅਗਰ ਕੋਈ ਵਿਅਕਤੀ ਲਾਇੰਸਸੀ ਅਸਲਾ ਐਮੂਨੀਸ਼ਨ ਲੈ ਕੇ ਮੈਰਿਜ ਪੈਲਸ ਵਿਚ ਦਾਖਲ ਹੁੰਦਾ ਹੈ ਤਾਂ ਮੈਰਿਜ ਪੈਲਸ ਦਾ ਮਾਲਕ ਸਬੰਧਤ ਥਾਣਾਂ ਨੂੰ ਤੁਰੰਤ ਸੂਚਿਤ ਕਰਨ ਦਾ ਜਿੰਮੇਵਾਰ ਹੋਵੇਗਾ ਅਗਰ ਕਿਸੇ ਵਿਆਕਤੀ ਵਲੋ ਲਾਇੰਸਸੀ ਅਸਲੇ ਦੀ ਵਿਆਹ ਸ਼ਾਦੀ ਦੌਰਾਨ ਨਜਾਇਜ ਵਰਤੋ ਕੀਤੀ ਜਾਦੀ ਹੈ ਤਾਂ ਸਬੰਧਤ ਵਿਅਕਤੀ ਅਤੇ ਮੈਰਿਜ ਪੈਲਸ ਦੇ ਮਾਲਕ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਦੀ ਜਾਵੇਗੀ।

ਇਹ ਹੁਕਮ ਜਿਲਾ ਲੋਕ ਸਪੰਰਕ ਅਫਸਰ ਲੁਧਿਆਣਾ ਦੀ ਪ੍ਰਚਾਰ ਗੱਡੀ ਰਾਹੀ ਪ੍ਰਚਾਰ ਕਰਵਾਇਆ ਜਾਵੇਗਾ ਅਤੇ ਸਮੂਹ ਦਫਤਰਾਂ ਅਤੇ ਥਾਣਿਆ ਦੇ ਨੋਟਿਸ ਬੋਰਡਾਂ ਤੇ ਇਸ ਹੁਕਮ ਦੀ ਨਕਲ ਚਪਕਾ ਦੇ ਲਾਗੂ ਕੀਤਾ ਜਾਵੇਗਾ। ਇਹ ਹੁਕਮ ਜਾਰੀ ਹੋਣ ਦੀ ਮਿਤੀ ਤੋ ਦੋ ਮਹੀਨੇ ਤੱਕ ਲਾਗੂ ਰਹੇਗਾ।

ਇਹ ਹੁਕਮ ਅੱਜ ਮਿਤੀ 19/12/23 ਨੂੰ ਮੇਰੇ ਦਸਤਖਤਾ ਅਤੇ ਮੋਹਰ ਹੇਠ ਜਾਰੀ ਕੀਤਾ ਗਿਆ ਹੈ।

ਰੁਪਿੰਦਰ ਸਿੰਘ, ਪੀ.ਪੀ.ਐਸ,
ਡਿਪਟੀ ਕਮਿਸ਼ਨਰ ਪੁਲਿਸ,
ਸਥਾਨਕ, ਲੁਧਿਆਣਾ।

ਨੰਬਰ 164933-5 /ਏ.ਸੀ-3, ਮਿਤੀ 19/12/23

ਉਤਾਰਾ:-

1 ਜਿਲ੍ਹਾ ਅਤੇ ਸ਼ੈਸ਼ਨ ਜੱਜ, ਲੁਧਿਆਣਾ।
2 ਡਿਪਟੀ ਕਮਿਸਨਰ, ਲੁਧਿਆਣਾ।
3 ਸਮੂਹ ਨਿਗਰਾਨ ਅਫਸਰ, ਮੁੱਖ ਅਫਸਰ ਥਾਣਾ ਜਾਤ, ਇੰਚਾਰਜ ਚੌਕੀਆ ਅਤੇ ਇੰਚਾਰਜ ਕੰਟਰੋਲ ਰੂਮ ਲੁਧਿਆਣਾ,
4 ਜਿਲਾ ਲੋਕ ਸੰਪਰਕ ਅਫਸਰ, ਲੁਧਿਆਣਾ ਅਤੇ ਸਮੂਹ ਪ੍ਰੈਸ ਲੁਧਿਆਣਾ -ਪਾਸ ਸੂਚਨਾ ਅਤੇ ਲੋੜੀਦੀ ਕਾਰਵਾਈ ਹਿੱਤ।

ਰੁਪਿੰਦਰ ਸਿੰਘ, ਪੀ.ਪੀ.ਐਸ,
ਡਿਪਟੀ ਕਮਿਸ਼ਨਰ ਪੁਲਿਸ,
ਸਥਾਨਕ, ਲੁਧਿਆਣਾ।